# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 12-03-2024**

- ਕੇਂਦਰੀ ਖੇਡ ਤੇ ਯੁਵਾ ਮਾਮਲੇ ਮੰਤਰੀ ਅਨੁਰਾਗ ਸਿੰਘ ਠਾਕੁਰ ਨੇ, ਰਾਸ਼ਟਰੀ ਪ੍ਰੋਗਰਾਮ ਖੇਲੋ ਇੰਡੀਆ ਰਾਈਜ਼ਿੰਗ ਆਈਡੈਂਟੀ-ਫਿਕੇਸ਼ਨ ਕਿਰਤੀ ਦੀ ਚੰਡੀਗੜ੍ਹ ਤੋਂ ਕੀਤੀ ਸ਼ੁਰੂਆਤ।
- ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਨਵੇਂ ਖੰਨਾ ਰੇਲਵੇ ਸਟੇਸ਼ਨ 'ਤੇ, ਈਸਟਰਨ ਡੈਡੀਕੇਟਿਡ ਫਰੇਟ ਕੋਰੀਡੋਰ ਦੇ 401 ਕਿਲੋਮੀਟਰ ਲੰਬੇ ਸਾਹਨੇਵਾਲ ਤੋਂ ਨਿਊ ਖੁਰਜਾ ਸੈਕਸ਼ਨ ਦੇ ਵਰਚੁਅਲ ਉਦਘਾਟਨ ਵਿੱਚ ਹਿੱਸਾ ਲਿਆ, ਕਿਹਾ ਕਿ ਇਹ ਹਾਈ ਸਪੀਡ ਮਾਲ ਗੱਡੀਆਂ ਦੀ ਸਹੂਲਤ ਦੇ ਕੇ, ਦੇਸ਼ ਦੇ ਵਿਕਾਸ ਨੂੰ ਤੇਜ਼ ਕਰੇਗਾ।

- ਦੇਸ਼ ਵਿਚ ਸੀ. ਏ. ਏ. ਕਾਨੂੰਨ ਲਾਗੂ ਕਰਨ ਦਾ ਪੰਜਾਬ ਦੇ ਸ਼ਰਨਾਰਥੀਆਂ ਨੇ ਭਰਵਾਂ ਸਵਾਗਤ ਕਰਦਿਆਂ, ਕੇਂਦਰ ਦੀ ਮੋਦੀ ਸਰਕਾਰ ਦਾ ਧੰਨਵਾਦ ਕੀਤਾ।

---------------------------------------------------

ਕੇਂਦਰੀ ਖੇਡ ਤੇ ਯੁਵਾ ਮਾਮਲੇ ਮੰਤਰੀ ਅਨੁਰਾਗ ਸਿੰਘ ਠਾਕੁਰ ਨੇ ਸਾਂਸਦ ਕਿਰਨ ਖੇਰ, ਕੇਂਦਰ ਸ਼ਾਸ਼ਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਦੇ ਸਲਾਹਕਾਰ ਰਾਜੀਵ ਵਰਮਾ ਅਤੇ ਹੋਰ ਪਤਵੰਤਿਆਂ ਦੀ ਮੌਜੂਦਗੀ ਵਿੱਚ ਚੰਡੀਗੜ੍ਹ ਤੋਂ ਰਾਸ਼ਟਰੀ ਪ੍ਰੋਗਰਾਮ ਖੇਲੋ ਇੰਡੀਆ ਰਾਈਜ਼ਿੰਗ ਆਾਈਡੈਂਟੀ-ਫਿਕੇਸ਼ਨ ਕਿਰਤੀ ਦੀ ਸ਼ੁਰੂਆਤ ਕੀਤੀ। ਪ੍ਰਧਾਨ ਮੰਤਰੀ ਦੇ ਦ੍ਰਿਸ਼ਟੀਕੋਣ ਨਾਲ ਮੇਲ ਖਾਂਦਾ ਕਿਰਤੀ ਪ੍ਰੋਗਰਾਮ ਦੇਸ਼ ਦੇ ਹਰ ਕੋਨੇ ਵਿੱਚ ਪ੍ਰਤਿਭਾ ਦੀ ਖੋਜ ਦੀ ਮਹੱਤਤਾ 'ਤੇ ਜ਼ੋਰ ਦੇਂਦਾ ਏ। ਉਨਾਂ ਔਰਤਾਂ ਨੂੰ ਸਮਰਪਿਤ ਖੇਡਾਂ ਲਈ ਦੋ ਨਵੇਂ ਨੈਸ਼ਨਲ ਸੈਂਟਰ ਆਫ਼ ਐਕਸੀਲੈਂਸ ਖੋਲ੍ਹਣ ਦਾ ਵੀ ਐਲਾਨ ਕੀਤਾ, ਜਿੱਥੇ ਸਿਰਫ਼ ਮਹਿਲਾ ਖਿਡਾਰੀਆਂ ਨੂੰ ਸਿਖਲਾਈ ਦਿੱਤੀ ਜਾਵੇਗੀ। ਅਨੁਰਾਗ ਸਿੰਘ ਠਾਕੁਰ ਨੇ ਕਿਹਾ ਕਿ ਦੇਸ਼ ਵਿੱਚ ਪਹਿਲਾਂ ਹੀ 23 ਨੈਸ਼ਨਲ ਸੈਂਟਰ ਆਫ ਐਕਸੀਲੈਂਸ

ਕਾਰਜਸ਼ੀਲ ਨੇ ਅਤੇ ਹੁਣ ਖਿਡਾਰੀਆਂ ਨੂੰ ਵਧੀਆ ਸਿਖਲਾਈ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਨੇ, ਜਿਹੜੀਆਂ ਵੱਖ-ਵੱਖ ਮੁਕਾਬਲਿਆਂ ਵਿੱਚ ਦੇਸ਼ ਦੀ ਨੁਮਾਇੰਦਗੀ ਕਰਨ ਵਾਲੇ ਸਾਰੇ ਖਿਡਾਰੀਆਂ ਦਾ ਮਨੋਬਲ ਵਧਾਉਂਦੀਆਂ ਨੇ। ਉਨਾਂ ਕਿਹਾ ਕਿ ਕਿਰਤੀ ਦਾ ਮੁੱਖ ਉਦੇਸ਼ ਵੱਖ-ਵੱਖ ਵਿਸ਼ਿਆਂ ਵਿੱਚ ਜ਼ਮੀਨੀ ਪੱਧਰ 'ਤੇ ਖੇਡ ਪ੍ਰਤਿਭਾਵਾਂ ਦੀ ਪਛਾਣ ਕਰਨਾ ਅਤੇ ਉਨ੍ਹਾਂ ਦਾ ਸਮਰਥਨ ਕਰਨਾ ਏ। ਅਨੁਰਾਗ ਸਿੰਘ ਠਾਕੁਰ ਨੇ ਕਿਹਾ ਕਿ ਕਿਹਾ ਕਿ ਇਸ ਪ੍ਰੋਗਰਾਮ ਤਹਿਤ ਸਰਕਾਰ ਪ੍ਰਤਿਭਾ ਦੀ ਪਛਾਣ ਕਰਨ ਲਈ ਦੇਸ਼ ਦੇ ਹਰ ਜ਼ਿਲ੍ਹੇ ਦੇ ਕੋਨੇ-ਕੋਨੇ ਤੱਕ ਪਹੁੰਚ ਕਰੇਗੀ ਅਤੇ ਖੇਡ ਅਕੈਡਮੀਆਂ ਵਿੱਚ ਨੌਜਵਾਨਾਂ ਦੀ ਪ੍ਰਤਿਭਾ ਨੂੰ ਨਿਖਾਰਿਆ ਜਾਵੇਗਾ। ਉਨਾਂ ਕਿਹਾ ਕਿ ਨਵੇਂ ਭਾਰਤ ਵਿੱਚ ਲੋਕਾਂ ਨੂੰ ਸਰਕਾਰ ਕੋਲ ਆਉਣ ਦੀ ਜਰੂਰਤ ਨਹੀਂ ਏ, ਸਗੋਂ ਸਰਕਾਰ ਉਨ੍ਹਾਂ ਦੇ ਬੂਹੇ ’ਤੇ ਜਾਂਦੀ ਏ। ਅਨੁਰਾਗ ਸਿੰਘ ਠਾਕੁਰ ਨੇ ਕਿਹਾ ਕਿ ਨੌਜਵਾਨਾਂ ਨੂੰ ਆਪਣੀ ਖੇਡ ਤੇ ਜ਼ਿਲ੍ਹੇ ਆਦਿ ਦਾ ਜ਼ਿਕਰ ਕਰਦੇ ਹੋਏ ਮਾਈ ਭਾਰਤ ’ਤੇ ਆਨਲਾਈਨ ਰਜਿਸਟ੍ਰੇਸ਼ਨ ਕਰਵਾਉਣੀ ਪਵੇਗੀ ਅਤੇ ਪਾਰਦਰਸ਼ਤਾ ਯਕੀਨੀ ਬਣਾਉਣ ਲਈ ਏਕੀਕ੍ਰਿਤ ਪਲੇਟਫਾਰਮ ਬਣਾਇਆ ਗਿਆ ਏ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਸ ਪ੍ਰਗਟਾਈ ਏ. ਕਿ ਸਰਕਾਰ-ਵਪਾਰ ਮਿਲਣੀਆਂ ਵਿੱਚ ਕਾਰੋਬਾਰੀਆਂ ਤੇ ਉਦਯੋਗਪਤੀਆਂ ਦੀ ਸਰਗਰਮ ਭਾਈਵਾਲੀ ਨਾਲ ਇਹ ਮਿਲਣੀਆਂ ਸੂਬੇ ਦੀ ਆਰਥਿਕ ਤਰੱਕੀ ਨੂੰ ਬੁਲੰਦੀਆਂ ਉਤੇ ਲੈ ਜਾਣ ਲਈ ਮੀਲ ਦਾ ਪੱਥਰ ਸਾਬਤ ਹੋਣਗੀਆਂ । ਹੁਸ਼ਿਆਰਪੁਰ ਵਿਖੇ ਅੱਜ ਸਰਕਾਰ-ਵਪਾਰ ਮਿਲਣੀ ਨੂੰ ਸੰਬੋਧਨ ਕਰਦਿਆਂ ਉਨਾਂ ਕਿਹਾ ਕਿ ਇਸ ਦਾ ਮੰਤਵ ਲੋਕਾਂ ਦੀ ਭਲਾਈ ਯਕੀਨੀ ਬਣਾਉਣਾ ਏ । ਉਨ੍ਹਾਂ ਅਫ਼ਸੋਸ ਜ਼ਾਹਰ ਕੀਤਾ ਕਿ ਪਿਛਲੀਆਂ ਸਰਕਾਰਾਂ ਨੇ ਲੋਕਾਂ ਦੀ ਭਲਾਈ ਲਈ ਅਜਿਹੇ ਪ੍ਰੋਗਰਾਮ ਕਰਵਾਉਣ ਦੀ ਕਦੇ ਪਰਵਾਹ ਨਹੀਂ ਕੀਤੀ ਅਤੇ ਕਿਹਾ ਕਿ ਇਨ੍ਹਾਂ ਆਗੂਆਂ ਨੇ ਖ਼ੁਦ ਨੂੰ ਆਲੀਸ਼ਾਨ ਮਹਿਲਾਂ ਦੀਆਂ ਕੰਧਾਂ ਵਿੱਚ ਕੈਦ ਕਰ ਲਿਆ ਤੇ ਆਮ ਆਦਮੀ ਨੂੰ ਆਪਣੇ ਰਹਿਮੋ-ਕਰਮ ਉਤੇ ਛੱਡ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਮੁਖੀ ਵਜੋਂ ਉਹ. ਸਮਾਜ ਦੇ ਹਰੇਕ ਵਰਗ ਦੀ ਭਲਾਈ ਲਈ ਵਚਨਬੱਧ ਨੇ ਅਤੇ ਕਿਸਾਨਾਂ ਦੇ ਮਸਲਿਆਂ ਦੇ ਹੱਲ ਲਈ ਕਿਸਾਨਾਂ ਤੇ ਕੇਂਦਰ ਸਰਕਾਰ ਦਰਮਿਆਨ ਪੁਲ ਵਜੋਂ ਭੂਮਿਕਾ ਨਿਭਾਈ। ਉਨ੍ਹਾਂ ਕਿਹਾ ਕਿ ਸੂਬੇ ਦੇ ਮੁਖੀ ਵਜੋਂ ਉਨ੍ਹਾਂ ਦਾ ਇਹ ਬੁਨਿਆਦੀ ਫਰਜ਼ ਏ ਅਤੇ ਇਸ ਲਈ ਉਹ ਕੋਈ ਕਸਰ ਬਾਕੀ ਨਹੀਂ ਛੱਡਣਗੇ।

---

ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਨਵੇਂ ਖੰਨਾ ਰੇਲਵੇ ਸਟੇਸ਼ਨ 'ਤੇ ਈਸਟਰਨ ਡੈਡੀਕੇਟਿਡ ਫਰੇਟ ਕੋਰੀਡੋਰ EDFC ਦੇ 401 ਕਿਲੋਮੀਟਰ ਲੰਬੇ ਸਾਹਨੇਵਾਲ ਤੋਂ ਨਿਊ ਖੁਰਜਾ ਸੈਕਸ਼ਨ ਦੇ ਅੱਜ ਹੋਏ ਵਰਚੁਅਲ ਉਦਘਾਟਨ ਵਿੱਚ ਹਿੱਸਾ ਲਿਆ

। EDFC ਦੇ ਹਿੱਸੇ ਨੂੰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅਹਿਮਦਾਬਾਦ ਤੋਂ ਵੀਡੀਓ ਕਾਨਫਰੰਸਿੰਗ ਰਾਹੀਂ ਸਮਰਪਿਤ ਕੀਤਾ ਅਤੇ ਇਕ ਮਾਲਗੱਡੀ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਨਿਊ ਖੰਨਾ ਰੇਲਵੇ ਸਟੇਸ਼ਨ 'ਤੇ ਆਯੋਜਿਤ ਸਮਾਗਮ ਦੌਰਾਨ ਬੋਲਦਿਆਂ ਰਾਜਪਾਲ ਪੁਰੋਹਿਤ ਨੇ ਇਸ ਪ੍ਰੋਜੈਕਟ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਹ ਹਾਈ ਸਪੀਡ ਮਾਲ ਗੱਡੀਆਂ ਦੀ ਸਹੂਲਤ ਦੇ ਕੇ ਦੇਸ਼ ਦੇ ਵਿਕਾਸ ਨੂੰ ਤੇਜ਼ ਕਰੇਗਾ। ਉਨਾਂ ਕਿਹਾ ਕਿ ਸਮਰਪਿਤ ਮਾਲ ਕਾਰੀਡੋਰ ਇੱਕ ਉੱਚ - ਸਪੀਡ ਅਤੇ ਉੱਚ - ਸਮਰੱਥਾ ਵਾਲਾ ਰੇਲਵੇ ਕੋਰੀਡੋਰ ਏ ਜਿਹੜਾ ਸਿਰਫ਼ ਮਾਲ ਜਾਂ ਵਸਤੂਆਂ ਦੀ ਢੋਆ-ਢੁਆਈ ਲਈ ਬਣਿਆ ਏ। ਰਾਜਪਾਲ ਨੇ ਕਿਹਾ ਕਿ ਇਹ ਪ੍ਰੋਜੈਕਟ ਲੌਜਿਸਟਿਕ ਲਾਗਤ ਨੂੰ ਘਟਾਏਗਾ, ਰਫਤਾਰ ਅਤੇ ਮਾਲ ਢੋਆ-ਢੁਆਈ ਦੀ ਸੁਰੱਖਿਆ ਨੂੰ ਵਧਾਉਣ ਦੇ ਨਾਲ ਹੀ ਰੁਜ਼ਗਾਰ ਦੇ ਮੌਕੇ ਪੈਦਾ ਕਰੇਗਾ ਅਤੇ ਵੱਖ-ਵੱਖ ਖੇਤਰਾਂ ਵਿੱਚ ਨਿਵੇਸ਼ ਆਕਰਸ਼ਿਤ ਕਰੇਗਾ।

---------------------------------------------------

ਕੇਂਦਰ ਦੀ ਮੋਦੀ ਸਰਕਾਰ ਵਲੋਂ ਦੇਸ਼ ਵਿਚ ਸੀ. ਏ. ਏ. ਕਾਨੂੰਨ ਲਾਗੂ ਕਰਨ ਦਾ ਸ਼ਰਨਾਰਥੀਆਂ ਨੇ ਸਵਾਗਤ ਕੀਤਾ ਏ। ਉੱਜੜ ਕੇ ਅੰਮ੍ਰਿਤਸਰ ਆਏ, ਸੂਰਬੀਰ ਸਿੰਘ ਤੇ ਸ਼ਿਵ ਕੁਮਾਰ ਨੇ ਕਿਹਾ ਕਿ ਇਸ ਨਾਲ ਉਨਾਂ ਨੂੰ ਕਾਫੀ ਰਾਹਤ ਮਿਲੇਗੀ। ਇਹ ਅੰਮ੍ਰਿਤਸਰ ਦੇ ਜਹਾਜ਼ਗੜ੍ਹ ਇਲਾਕੇ ਵਿਚ

ਟਾਇਰਾਂ ਦਾ ਕਾਰੋਬਾਰ ਕਰਦੇ ਨੇ। ਇਨਾਂ ਕੋਈ ਤੀਹ ਬੱਤੀ ਸਾਲ ਪਹਿਲਾਂ ਭਾਰਤ ਵਿੱਚ ਆ ਕੇ ਸ਼ਰਨ ਲਈ ਤੇ ਨਾਗਰਿਕਤਾ ਦਾ ਇੰਤਜ਼ਾਰ ਕਰਦੇ ਰਹੇ । ਸੀ. ਏ. ਏ. ਕਾਨੂੰਨ ਲਾਗੂ ਹੋਣ ਮਗਰੋਂ ਇਨਾਂ ਵਿਚ ਖੁਸ਼ੀ ਦੀ ਲਹਿਰ ਦੌੜ ਗਈ ਏ।

---------------------------------------------------------------

ਜਲੰਧਰ BJP ਦੇ ਜਨਰਲ ਸਕੱਤਰ ਅਸ਼ੋਕ ਸਰੀਨ ਹਿੱਕੀ ਨੇ ਸੀ. ਏ. ਏ. ਕਾਨੂੰਨ ਲਾਗੂ ਕਰਨ ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਪਾਕਿਸਤਾਨ, ਬੰਗਲਾਦੇਸ਼, ਅਫ਼ਗਾਨਿਸਤਾਨ ਵਰਗੇ ਦੇਸ਼ਾਂ ਵਿਚ ਲੋਕ ਆਪਣੇ ਧਰਮ ਦੇ ਰੀਤੀ-ਰਿਵਾਜਾਂ ਦੀ ਪਾਲਣਾ ਕਰਨ ਕਰਕੇ ਮਜਬੂਰਨ ਇਨ੍ਹਾਂ ਦੇਸ਼ਾਂ ਤੋਂ ਭਾਰਤ ਆਏ ਨੇ। ਇਨ੍ਹਾਂ ਸਾਰੇ ਲੋਕਾਂ ਨੇ ਜ਼ੁਲਮ ਸਹਿਣ ਤੋਂ ਬਾਅਦ ਵੀ ਹਾਰ ਨਹੀਂ ਮੰਨੀ ਅਤੇ ਪਾਕਿਸਤਾਨ ਤੇ ਅਫ਼ਗਾਨਿਸਤਾਨ ਛੱਡ ਗਏ ਪਰ ਆਪਣਾ ਧਰਮ ਨਹੀਂ ਛੱਡਿਆ। ਅਸ਼ੋਕ ਸਰੀਨ ਹਿੱਕੀ ਨੇ ਕਿਹਾ ਕਿ ਲੱਖਾਂ ਲੋਕਾਂ ਨੂੰ ਰਾਹਤ ਦੇਣ ਲਈ ਕੇਂਦਰ ਵਲੋਂ ਜਿਹੜਾ ਕਾਨੂੰਨ ਲਾਗੂ ਕੀਤਾ ਗਿਆ ਏ, ਉਸ ਦੀ ਹਰ ਭਾਰਤੀ ਵਲੋਂ ਸ਼ਲਾਘਾ ਕੀਤੀ ਜਾ ਰਹੀ ਏ।

---

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ. ਨੇ ਸਾਰੇ ਡਿਪਟੀ ਕਮਿਸ਼ਨਰਾਂ, ਪੁਲਿਸ ਕਮਿਸ਼ਨਰਾਂ ਅਤੇ ਐਸਐਸਪੀਜ਼ ਨੂੰ ਹਦਾਇਤ ਕੀਤੀ ਏ ਕਿ ਲੋਕ ਸਭਾ ਚੋਣਾਂ-2024 ਦੌਰਾਨ ਜੇਕਰ ਕਿਸੇ ਵੀ ਪ੍ਰਕਾਰ ਦੀ ਕੋਈ ਗਲਤ ਜਾਣਕਾਰੀ ਜਾਂ ਸੂਚਨਾ ਫੈਲਦੀ ਏ ਤਾਂ ਉਸ ਦਾ ਖੰਡਨ ਤੁਰੰਤ ਕੀਤਾ ਜਾਵੇ । ਉਨ੍ਹਾਂ ਕਿਹਾ ਕਿ ਇਸ ਮਕਸਦ ਲਈ ਸੋਸ਼ਲ ਮੀਡੀਆ ਪਲੇਟਫਾਰਮਾਂ ਦੀ ਯੋਗ ਵਰਤੋਂ ਕੀਤੀ ਜਾ ਸਕਦੀ ਏ । ਇਸ ਦੇ ਨਾਲ ਹੀ ਉਨ੍ਹਾਂ ਜ਼ੋਰ ਦਿੱਤਾ ਕਿ ਚੋਣਾਂ ਦੌਰਾਨ ਵੱਖ-ਵੱਖ ਸੋਸ਼ਲ ਮੀਡੀਆ ਪਲੇਟਫਾਰਮਾਂ ਦੀ ਵਰਤੋਂ ਵੋਟਰਾਂ ਤੱਕ ਜ਼ਰੂਰੀ ਸੰਦੇਸ਼ ਅਤੇ ਜਾਣਕਾਰੀਆਂ ਪਹੁੰਚਾਉਣ ਲਈ ਵੀ ਕੀਤੀ ਜਾਵੇ । ਮੁੱਖ ਚੋਣ ਅਧਿਕਾਰੀ ਦੇ ਦਫਤਰ ਵਿਚ ਵੀਡੀਓ ਕਾਨਫਰੰਸਿੰਗ ਜ਼ਰੀਏ ਪੰਜਾਬ ਦੇ ਸਾਰੇ ਡਿਪਟੀ ਕਮਿਸ਼ਨਰਾਂ, ਪੁਲਿਸ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨਾਲ ਇਕ ਉੱਚ ਪੱਧਰੀ ਮੀਟਿੰਗ ਕਰਦਿਆਂ ਸਿਬਿਨ ਸੀ. ਨੇ ਕਿਹਾ ਕਿ ਚੋਣਾਂ ਬਿਨਾਂ ਪੱਖਪਾਤ ਤੋਂ ਪਾਰਦਰਸ਼ੀ ਅਤੇ ਬਿਨਾਂ ਕਿਸੇ ਦਬਾਅ ਦੇ ਕਰਵਾਈਆ ਜਾਣ । ਉਨ੍ਹਾਂ ਕਿਹਾ ਕਿ ਚੋਣ ਅਮਲਾ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੀ ਪਾਲਣਾ ਨੂੰ ਇੰਨ-ਬਿੰਨ ਲਾਗੂ ਕਰਵਾਉਣ ਲਈ ਪਾਬੰਦ ਏ ਅਤੇ ਕਿਸੇ ਵੀ ਪ੍ਰਕਾਰ ਦੀ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ ।

ਲਾਪ੍ਰਵਾਹੀ ਕਰਨ ਵਾਲੇ ਅਧਿਕਾਰੀਆਂ ਤੇ ਕਰਮਚਾਰੀਆਂ ਵਿਰੁੱਧ ਬਣਦੀ ਕਾਰਵਾਈ ਕੀਤੀ ਜਾਵੇਗੀ ।

-------------------------------------------------------------

ਨੈਸ਼ਨਲ ਇਨਵੈਸਟੀਗੇਸ਼ਨ ਏਜੰਸੀ ਐੱਨ.ਆਈ.ਏ. ਨੇ ਅੱਜ ਸਵੇਰੇ ਪੰਜਾਬ, ਹਰਿਆਣਾ, ਰਾਜਸਥਾਨ, ਮੱਧਪ੍ਰਦੇਸ਼ ਅਤੇ ਚੰਡੀਗੜ੍ਹ ਸਮੇਤ ਕਈ ਸੂਬਿਆਂ 'ਚ ਛਾਪੇਮਾਰੀ ਕੀਤੀ ਏ । ਗੈਂਗਸਟਰ-ਅੱਤਵਾਦੀ ਸਬੰਧਾਂ ਦੀ ਜਾਂਚ ਲਈ 30 ਥਾਵਾਂ 'ਤੇ ਇੱਕੋ ਸਮੇਂ ਤਲਾਸ਼ੀ ਲਈ ਜਾ ਰਹੀ ਏ । ਸ਼ੁਰੂਆਤੀ ਜਾਣਕਾਰੀ ਅਨੁਸਾਰ ਮੋਗਾ ਅਤੇ ਫਰੀਦਕੋਟ ਵਿੱਚ ਵੀ ਐਨ ਆਈ ਏ ਦੀਆਂ ਟੀਮਾਂ ਸਥਾਨਕ ਪੁਲਿਸ ਨਾਲ ਸਵੇਰੇ 5-6 ਵਜੇ ਦੇ ਕਰੀਬ ਪੁਜੀਆਂ । ਟੀਮਾਂ ਨੇ ਫਰੀਦਕੋਟ ਦੇ ਕੋਟਕਪੂਰਾ ਸਥਿਤ ਨਰੇਸ਼ ਕੁਮਾਰ ਉਰਫ ਗੋਲਡੀ ਦੇ ਘਰ ਤਲਾਸ਼ੀ ਲਈ । ਗੋਲਡੀ ਦੇ ਰਿਸ਼ਤੇਦਾਰ ਤੋਂ ਮਿਲੇ ਦਸਤਾਵੇਜ਼ਾਂ ਦੇ ਆਧਾਰ 'ਤੇ ਐਨ. ਆਈ. ਏ. ਨੇ ਛਾਪੇਮਾਰੀ ਕੀਤੀ ਏ । ਮੋਗਾ ਦੇ ਪਿੰਡ ਬਿਲਾਸਪੁਰ ਵਿੱਚ ਰਵਿੰਦਰ ਸਿੰਘ ਤੋਂ ਪੁੱਛਗਿੱਛ ਕੀਤੀ ਗਈ ਏ । ਫਿਰੋਜ਼ਪੁਰ ਛਾਉਣੀ ਦੀ ਕੁਮ੍ਹਾਰ ਮੰਡੀ ਦੇ ਇਲਾਕੇ ਵਿਚ ਇਕ ਘਰ ਤੇ ਛਾਪੇਮਾਰੀ ਕੀਤੀ ਗਈ ।

---

ਹੁਣ ਤੁਸੀਂ ਦੂਰਦਰਸ਼ਨ ਦੇ ਰਾਸ਼ਟਰੀ ਚੈਨਲ 'ਤੇ ਰੋਜ਼ਾਨਾ ਰਾਮ ਲੱਲਾ ਦੀ ਸ਼ਾਨਦਾਰ ਆਰਤੀ ਦੇ ਬ੍ਰਹਮ ਦਰਸ਼ਨ ਦੇਖ ਸਕਦੇ ਹੋ । ਸਵੇਰੇ ਸਾਢੇ 6 ਵਜੇ ਤੋਂ ਅਯੁੱਧਿਆ ਤੋਂ ਇਸ ਦਾ ਸਿੱਧਾ ਪ੍ਰਸਾਰਣ ਕੀਤਾ ਜਾਵੇਗਾ । ਹਾਲ ਹੀ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅਯੁੱਧਿਆ ਵਿੱਚ ਸ਼੍ਰੀ ਰਾਮ ਮੰਦਰ ਵਿੱਚ ਰਾਮ ਲੱਲਾ ਦੇ ਪ੍ਰਾਣ ਪ੍ਰਤਿਸ਼ਠਾ ਵਿੱਚ ਸ਼ਿਰਕਤ ਕੀਤੀ ਸੀ । ਇਹ ਮੰਦਰ ਕਰੋੜਾਂ ਲੋਕਾਂ ਦੀ ਆਸਥਾ ਦਾ ਪ੍ਰਤੀਕ ਹੈ।

---

ਆਕਾਸ਼ਵਾਣੀ ਦੇ ਨਿਊਜ਼ ਸਰਵਿਸਿਜ਼ ਡਿਵੀਜ਼ਨ ਨੇ ਦੇਸ਼ ਭਰ ਵਿੱਚ ਆਪਣੀਆਂ ਵੱਖ-ਵੱਖ ਖੇਤਰੀ ਨਿਊਜ਼ ਯੂਨਿਟਾਂ ਵਿੱਚ ਫੁੱਲ-ਟਾਈਮ ਕੰਟਰੈਕਟ ਆਧਾਰ 'ਤੇ ਕਾਰਜਕਾਰੀ ਸੰਪਾਦਕ ਅਤੇ ਨਿਊਜ਼ ਰੀਡਰ ਕਮ ਅਨੁਵਾਦਕ ਵਜੋਂ ਕੰਮ ਕਰਨ ਲਈ ਤਜਰਬੇਕਾਰ ਉਮੀਦਵਾਰਾਂ ਤੋਂ ਅਰਜ਼ੀਆਂ ਮੰਗੀਆਂ ਨੇ । ਇਸ ਵਿੱਚ ਪੰਜਾਬੀ ਭਾਸ਼ਾ ਲਈ ਅਰਜੀਆਂ ਵੀ ਸ਼ਾਮਲ ਨੇ । ਇਸ ਸੰਬੰਧੀ ਵੇਰਵਾ news

on air.gov.in ਸਲੈਸ਼ vacancies 'ਤੇ ਉਪਲਬਧ ਏ । ਅਰਜ਼ੀਆਂ ਭੇਜਣ ਦੀ ਆਖਰੀ ਤਰੀਕ 19 ਮਾਰਚ ਏ ।

-----------------------------------------------------------

- ਕੇਂਦਰੀ ਖੇਡ ਤੇ ਯੁਵਾ ਮਾਮਲੇ ਮੰਤਰੀ ਅਨੁਰਾਗ ਸਿੰਘ ਠਾਕੁਰ ਨੇ, ਰਾਸ਼ਟਰੀ ਪ੍ਰੋਗਰਾਮ ਖੇਲੋ ਇੰਡੀਆ ਰਾਈਜ਼ਿੰਗ ਆਈਡੈਂਟੀ-ਫਿਕੇਸ਼ਨ ਕਿਰਤੀ ਦੀ ਚੰਡੀਗੜ੍ਹ ਤੋਂ ਕੀਤੀ ਸ਼ੁਰੂਆਤ।
- ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੇ ਨਵੇਂ ਖੰਨਾ ਰੇਲਵੇ ਸਟੇਸ਼ਨ 'ਤੇ, ਈਸਟਰਨ ਡੈਡੀਕੇਟਿਡ ਫਰੇਟ ਕੋਰੀਡੋਰ ਦੇ 401 ਕਿਲੋਮੀਟਰ ਲੰਬੇ ਸਾਹਨੇਵਾਲ ਤੋਂ ਨਿਊ ਖੁਰਜਾ ਸੈਕਸ਼ਨ ਦੇ ਵਰਚੁਅਲ ਉਦਘਾਟਨ ਵਿੱਚ ਹਿੱਸਾ ਲਿਆ, ਕਿਹਾ ਕਿ ਇਹ ਹਾਈ ਸਪੀਡ ਮਾਲ ਗੱਡੀਆਂ ਦੀ ਸਹੂਲਤ ਦੇ ਕੇ, ਦੇਸ਼ ਦੇ ਵਿਕਾਸ ਨੂੰ ਤੇਜ਼ ਕਰੇਗਾ ।
- ਦੇਸ਼ ਵਿਚ ਸੀ. ਏ. ਏ. ਕਾਨੂੰਨ ਲਾਗੂ ਕਰਨ ਦਾ ਪੰਜਾਬ ਦੇ ਸ਼ਰਨਾਰਥੀਆਂ ਨੇ ਭਰਵਾਂ ਸਵਾਗਤ ਕਰਦਿਆਂ, ਕੇਂਦਰ ਦੀ ਮੋਦੀ ਸਰਕਾਰ ਦਾ ਧੰਨਵਾਦ ਕੀਤਾ ।